# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 27-09-2025**

ਭਾਰਤ ਵਿਚ ਫ਼ਲਸਤੀਨ ਦੇ ਰਾਜਦੂਤ ਅਬਦੁੱਲਾ ਅਬੂ ਸਾਵੇਸ਼ ਨੇ ਫ਼ਲਸਤੀਨੀਆਂ ਦੀ ਹਮਾਇਤ ਕਰਨ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੀ ਪ੍ਰਸ਼ੰਸਾ ਕੀਤੀ ਏ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਅਬਦੁੱਲਾ ਅਬੂ ਸਾਵੇਸ਼ ਨੇ ਜ਼ੋਰ ਦੇ ਕੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਭਾਰਤ ਸਰਕਾਰ, ਸੰਯੁਕਤ ਰਾਸ਼ਟਰ ਰਾਹਤ ਤੇ ਕਾਰਜ ਏਜੰਸੀ ਦਾ ਸਮਰਥਨ ਕਰ ਰਹੀ ਏ, ਜਿਹੜੀ ਕਿ ਫ਼ਲਸਤੀਨੀ ਪਨਾਹਗੀਰਾਂ ਦੀ ਮਦਦ ਕਰ ਰਹੀ ਏ ਅਤੇ ਭਾਰਤ ਇਸ ਸਮੇਂ ਫ਼ਲਸਤੀਨ ਵਿਚ ਕਰੋੜਾਂ ਡਾਲਰ ਦੇ ਹਸਪਤਾਲ ਪ੍ਰਾਜੈਕਟ ਉੱਤੇ ਵੀ ਕੰਮ ਕਰ ਰਿਹਾ ਏ। ਫ਼ਲਸਤੀਨ ਦੇ ਰਾਜਦੂਤ ਨੇ ਪੁਸ਼ਟੀ ਕੀਤੀ ਕਿ ਫ਼ਲਸਤੀਨ ਕਿਸੇ ਹੋਰ ਦੇਸ਼ ਨਾਲ ਭਾਰਤ ਦੇ ਦੁਵੱਲੇ ਸਬੰਧਾਂ ਵਿਚ ਕਦੇ ਦਖ਼ਲ ਨਹੀਂ ਦੇਵੇਗਾ।

---------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕੱਲ੍ਹ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿਚ ਮਤਾ ਪੇਸ਼ ਕਰਦਿਆਂ ਸੂਬੇ ਵਿਚ ਹੜ੍ਹ ਪ੍ਰਭਾਵਿਤ ਪਰਿਵਾਰਾਂ, ਕਿਸਾਨਾਂ ਤੇ ਬੁਨਿਆਦੀ ਢਾਂਚੇ ਦੀ ਬਹਾਲੀ ਲਈ ਕੇਂਦਰ ਤੋਂ 20,000 ਕਰੋੜ ਰੁਪਏ ਦੇ ਖਾਸ ਪੈਕੇਜ ਦੀ ਮੰਗ ਕੀਤੀ। ਸਦਨ ਵਿਚ ਪੰਜਾਬ ਦਾ ਮੁੜ ਵਸੇਬਾ ਮਤੇ ‘ਤੇ ਵੇਰਵੇ ਸਾਂਝੇ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਏ ਕਿ ਇਸ ਸਾਲ ਆਏ ਹੜ੍ਹਾਂ ਨੇ 1988 ਨਾਲੋਂ ਵੀ ਵੱਧ ਤਬਾਹੀ ਮਚਾਈ ਏ, ਜਿਸ ਦੀ ਮਾਰ ਹੇਠ 2300 ਤੋਂ ਵੱਧ ਪਿੰਡ ਆਏ। ਲਗਭਗ 20 ਲੱਖ ਲੋਕ ਸਿੱਧੇ ਤੌਰ ‘ਤੇ ਪ੍ਰਭਾਵਿਤ ਹੋਏ, 5 ਲੱਖ ਏਕੜ ਤੋਂ ਵੱਧ ਰਕਬੇ ‘ਚ ਖੜ੍ਹੀਆਂ ਫਸਲਾਂ ਤਬਾਹ ਹੋ ਗਈਆਂ, 7 ਲੱਖ ਲੋਕਾਂ ਨੂੰ ਆਪਣਾ ਘਰ ਛੱਡਣ ਲਈ ਮਜਬੂਰ ਹੋਣਾ ਪਿਆ। 3200 ਤੋਂ ਵੱਧ ਸਕੂਲ, 19 ਕਾਲਜ, 1400 ਹਸਪਤਾਲ, ਲਗਭਗ 8500 ਕਿਲੋਮੀਟਰ ਸੜਕਾਂ ਅਤੇ 2500 ਪੁਲ/ਪੁਲੀਆਂ ਜਾਂ ਤਾਂ ਨੁਕਸਾਨੇ ਗਏ ਜਾਂ ਰੁੜ ਗਏ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਮਹਿਜ਼ 1600 ਕਰੋੜ ਰੁਪਏ ਦਾ ਐਲਾਨ ਕੀਤਾ, ਜੋ ਵਿਸ਼ੇਸ਼ ਗ੍ਰਾਂਟ ਨਹੀਂ ਸਗੋਂ ਸਿਰਫ਼ ਰੁਟੀਨ ਦੇ ਆਮ ਖਰਚਿਆਂ ਲਈ ਸਨ। ਇਸ ਰਕਮ ਵਿੱਚੋਂ ਵੀ ਪੰਜਾਬ ਨੂੰ ਹਾਲੇ ਕੁਝ ਨਹੀਂ ਮਿਲਿਆ ।

---------------------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਪੱਤਰ ਲਿਖ ਕੇ ਇਰਾਕ ਦੇ ਬਗਦਾਦ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਸਥਾਨ ਨੂੰ ਮੁੜ ਉਸਾਰਨ ਦੀ ਮੰਗ ਕੀਤੀ ਏ। ਸੰਤ ਸੀਚੇਵਾਲ ਨੇ ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਵਿਚ ਕਿਹੈ ਕਿ ਗੁਰੂ ਸਾਹਿਬ ਆਪਣੀਆਂ ਉਦਾਸੀਆਂ ਦੌਰਾਨ 1511 ਈਸਵੀ ਵਿਚ ਇਰਾਕ ਦੇ ਸ਼ਹਿਰ ਬਗਦਾਦ ਗਏ ਸਨ। ਦੂਜੀ ਆਲਮੀ ਜੰਗ ਤੇ ਅਮਰੀਕਾ-ਇਰਾਕ ਜੰਗ ਦੌਰਾਨ ਵੀ ਇਸ ਇਤਿਹਾਸਕ ਸਥਾਨ ਨੂੰ ਨੁਕਸਾਨ ਪੁੱਜਾ ਸੀ। 23 ਜਨਵਰੀ, 1990 ਨੂੰ ਇਰਾਕ ਦੇ ਉਸ ਵੇਲੇ ਦੇ ਰਾਸ਼ਟਰਪਤੀ ਸੱਦਾਮ ਹੁਸੈਨ ਨੇ ਇਕ ਮੀਟਿੰਗ ਤੋਂ ਬਾਅਦ ਧਾਰਮਿਕ ਸਥਾਨ ਮੁੜ ਉਸਾਰਨ ਦੀ ਪ੍ਰਵਾਨਗੀ ਦੇ ਦਿੱਤੀ ਸੀ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਏ ਕਿ ਉਹ ਇਰਾਕ ਸਰਕਾਰ ਨਾਲ ਇਸ ਸਬੰਧ ਵਿਚ ਰਾਬਤਾ ਕਰਨ।

-------------------------------------------------------------------------------

ਪੰਜਾਬ ਪੁਲਿਸ ਤੇ ਕੇਂਦਰੀ ਏਜੰਸੀਆਂ ਦੇ ਨੇੜਲੇ ਤਾਲਮੇਲ ਤੇ ਮਦਦ ਨਾਲ ਬੱਬਰ ਖਾਲਸਾ ਇੰਟਰਨੈਸ਼ਨਲ (ਬੀ.ਕੇ.ਆਈ.) ਦੇ ਦਹਿਸ਼ਤਗਰਦ ਪਰਮਿੰਦਰ ਸਿੰਘ ਪਿੰਦੀ ਨੂੰ ਸੰਯੁਕਤ ਅਰਬ ਅਮੀਰਾਤ ਦੇ ਅਬੂ ਧਾਬੀ ਤੋਂ ਭਾਰਤ ਹਵਾਲੇ ਕੀਤਾ ਗਿਆ ਏ। ਪੁਲਿਸ ਸੂਤਰਾਂ

ਅਨੁਸਾਰ, ਪਿੰਦੀ ਵਿਦੇਸ਼ ਬੈਠੇ ਦੋ ਦਹਿਸ਼ਤਗਰਦਾਂ ਦਾ ਨੇੜਲਾ ਸਾਥੀ ਏ ਅਤੇ ਬਟਾਲਾ-ਗੁਰਦਾਸਪੁਰ ਦੇ ਇਲਾਕੇ ਵਿਚ ਪੈਟਰੋਲ ਬੰਬ ਹਮਲੇ, ਹਿੰਸਕ ਹਮਲੇ ਤੇ ਜਬਰੀ ਵਸੂਲੀ ਸਮੇਤ ਕਈ ਘਿਨਾਉਣੇ ਅਪਰਾਧਾਂ ਵਿਚ ਸ਼ਾਮਲ ਸੀ। ਪੁਲਿਸ ਵੱਲੋਂ ਜਾਰੀ ਕੀਤੇ ਗਏ ਰੈੱਡ ਕਾਰਨਰ ਨੋਟਿਸ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਇਕ ਸਮਰਪਿਤ ਚਾਰ ਮੈਂਬਰੀ ਟੀਮ ਨੇ ਵਿਦੇਸ਼ ਮੰਤਰਾਲੇ ਅਤੇ ਸੰਯੁਕਤ ਅਰਬ ਅਮੀਰਾਤ ਦੇ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਤਾਂ ਜੋ ਦੋਸ਼ੀ ਨੂੰ ਸਫਲਤਾਪੂਰਵਕ ਵਾਪਸ ਲਿਆਂਦਾ ਜਾ ਸਕੇ।

---------------------------------------------------------------------------

ਭਾਰਤੀ ਜਨਤਾ ਪਾਰਟੀ ਦੀ ਮੋਹਾਲੀ ਇਕਾਈ ਦੇ ਪ੍ਰਧਾਨ ਸੰਜੀਵ ਵਸ਼ਿਸ਼ਟ ਦੀ ਅਗਵਾਈ ਵਿਚ ਸੇਵਾ ਪੰਦਰਵਾੜਾ ਮਨਾਇਆ ਜਾ ਰਿਹਾ ਏ। ਇਸ ਸਿਲਸਿਲੇ ਵਿਚ ਅੱਜ ਮੋਹਾਲੀ ਸਥਿਤ ਮਾਤਾ ਵੈਸ਼ਣੋ ਦੇਵੀ ਮੰਦਿਰ ਵਿਚ ਖੂਨਦਾਨ ਅਤੇ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਜਿਸ ਵਿਚ ਪੀ.ਜੀ.ਆਈ. ਚੰਡੀਗੜ੍ਹ ਤੋਂ ਪੁੱਜੀਆਂ ਟੀਮਾਂ ਨੇ ਖੂਨ ਇੱਕਤਰ ਕੀਤਾ। ਭਾਜਪਾ ਆਗੂਆਂ ਨੇ ਦੱਸਿਆ ਕਿ ਲੋਕ, ਪ੍ਰਧਾਨ ਮੰਤਰੀ ਮੋਦੀ ਦੇ ਸੇਵਾ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਆਪ ਮੁਹਾਰੇ ਅੱਗੇ ਆ ਰਹੇ ਨੇ ਖੂਨਦਾਨ ਕਰ ਰਹੇ ਨੇ।

---------------------------------------------------------------------------------

ਏਸ਼ੀਆ ਕੱਪ ਕ੍ਰਿਕੇਟ ਵਿਚ ਭਾਰਤ, ਦੁਬਈ ਵਿਚ ਸੁਪਰ ਫੋਰ ਪੜਾਅ ਦੇ ਆਖਰੀ ਮੁਕਾਬਲੇ ਵਿਚ ਸ਼੍ਰੀਲੰਕਾ ਨੂੰ ਸੁਪਰ ਓਵਰ ਤੋਂ ਬਾਅਦ ਹਰਾ ਕੇ ਟੂਰਨਾਮੈਂਟ ਦੇ ਫਾਈਨਲ ਵਿਚ ਅਜੇਤੂ ਰਹਿ ਕੇ ਪਹੁੰਚਿਆ ਏ। ਭਾਰਤ ਪਹਿਲਾਂ ਹੀ ਏਸ਼ੀਆ ਕੱਪ ਦੇ ਫਾਈਨਲ ਲਈ ਕੁਆਲੀਫਾਈ ਕਰ ਚੁੱਕਾ ਸੀ। ਭਾਰਤ ਕੱਲ੍ਹ ਦੁਬਈ ਵਿਚ ਹੋਣ ਵਾਲੇ ਖਿਤਾਬੀ ਮੁਕਾਬਲੇ ਵਿਚ ਪਾਕਿਸਤਾਨ ਨਾਲ ਖੇਡੇਗਾ। ਇਹ ਮੈਚ ਭਾਰਤੀ ਸਮੇਂ ਮੁਤਾਬਕ ਰਾਤ 8 ਵਜੇ ਖੇਡਿਆ ਜਾਏਗਾ।

---------------------------------------------------------------------------------